ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਅਮਨ ਕਾਨੂੰਨ ਦੀ ਸਥਿਤੀ ਕਾਇਮ ਰੱਖਣ ਲਈ ਜ਼ਿਲ੍ਹਾ ਪੁਲੀਸ ਮੁਸਤੈਦ: ਅਮਨੀਤ ਕੌਂਡਲ

ਪੁਲੀਸ ਵੱਲੋਂ ਵਿਸ਼ੇਸ਼ ਨਾਕੇ ਲਾ ਕੇ ਵਾਹਨਾਂ ਦੀ ਚੈਕਿੰਗ

ਵੱਖ-ਵੱਖ ਥਾਈਂ ਚਲਾਈ ਤਲਾਸ਼ੀ ਮੁਹਿੰਮ

ਸੀ.ਸੀ.ਟੀ.ਵੀ. ਕੈਮਰਿਆਂ ਰਾਹੀਂ ਰੱਖੀ ਜਾ ਰਹੀ ਹੈ ਨਜ਼ਰ

ਫ਼ਤਹਿਗੜ੍ਹ ਸਾਹਿਬ, 05 ਜੂਨ

ਅਮਨ ਕਾਨੂੰਨ ਦੀ ਸਥਿਤੀ ਕਾਇਮ ਰੱਖਣ ਲਈ ਜ਼ਿਲ੍ਹਾ ਪੁਲੀਸ ਪੂਰੀ ਮੁਸਤੈਦੀ ਨਾਲ ਕੰਮ ਕਰ ਰਹੀ ਹੈ ਤੇ 06 ਜੂਨ ਦੇ ਮੱਦੇਨਜ਼ਰ ਵਿਸ਼ੇਸ਼ ਨਾਕੇ ਲਾ ਕੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ ਤੇ ਨਾਲ ਹੀ ਜ਼ਿਲ੍ਹੇ ਵਿੱਚ ਵੱਖ-ਵੱਖ ਥਾਈਂ ਵਿਸ਼ੇਸ਼ ਤਲਾਸ਼ੀ ਮੁਹਿੰਮ ਵੀ ਚਲਾਈ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਪੁਲੀਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਨੇ ਦੱਸਿਆ ਕਿ ਐਸ.ਪੀ. (ਜਾਂਚ) ਹਰਪਾਲ ਸਿੰਘ, ਐਸ.ਪੀ. (ਐਚ) ਨਵਰੀਤ ਸਿੰਘ ਵਿਰਕ, ਐਸ.ਪੀ. ਸਪੈਸ਼ਲ ਬਰਾਂਚ ਅਮਰਜੀਤ ਸਿੰਘ ਮਟਵਾਨੀ ਅਤੇ ਐਸ. ਪੀ. ਕੰਵਲਪ੍ਰੀਤ ਸਿੰਘ ਚਾਹਲ ਦੀ ਅਗਵਾਈ ਵਿੱਚ ਰੇਲਵੇ ਸਟੇਸ਼ਨਾਂ, ਬੱਸ ਅੱਡਿਆਂ, ਬਾਜ਼ਾਰਾਂ ਸਮੇਤ ਵੱਖ-ਵੱਖ ਥਾਈਂ ਵਿਸ਼ੇਸ਼ ਚੈਕਿੰਗ ਕੀਤੀ ਗਈ।

ਸ੍ਰੀਮਤੀ ਅਮਨੀਤ ਕੌਂਡਲ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਕਾਇਮ ਰੱਖਣ ਲਈ ਪੁਲੀਸ ਦਿਨ ਰਾਤ ਇਕ ਕਰ ਕੇ ਕੰਮ ਕਰ ਰਹੀ ਹੈ ਤੇ ਕਿਸੇ ਨੂੰ ਵੀ ਅਮਨ ਕਾਨੂੰਨ ਦੀ ਸਥਿਤੀ ਭੰਗ ਨਹੀਂ ਕਰਨ ਦਿੱਤੀ ਜਾਵੇਗੀ ਤੇ ਅਜਿਹਾ ਕਰਨ ਦੀ ਕੋਸ਼ਿਸ਼ ਕਰਨ ਵਾਲੇ ਖ਼ਿਲਾਫ਼ ਕਾਨੂੰਨ ਮੁਤਾਬਕ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਨ੍ਹਾਂ ਦੱਸਿਆ ਕਿ ਸੁਰੱਖਿਆ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਵੱਖ ਵੱਖ ਥਾਈਂ ਸੀ.ਸੀ.ਟੀ.ਵੀ. ਕੈਮਰੇ ਲਾ ਕੇ ਵੀ ਨਜ਼ਰ ਰੱਖੀ ਜਾ ਰਹੀ ਹੈ।

ਸ੍ਰੀਮਤੀ ਅਮਨੀਤ ਕੌਂਡਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਕਿਸਮ ਦੀਆਂ ਅਫਵਾਹਾਂ 'ਤੇ ਯਕੀਨ ਨਾ ਕਰਨ।ਉਨ੍ਹਾਂ ਕਿਹਾ ਕਿ ਕਿਸੇ ਵੀ ਕਿਸਮ ਦੀਆਂ ਅਫ਼ਵਾਹਾਂ ਫੈਲਾਉਣ ਵਾਲਿਆਂ ਖ਼ਿਲਾਫ਼ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾਵੇਗੀ।ਤਲਾਸ਼ੀ ਮੁਹਿੰਮ ਦੌਰਾਨ ਡੀ.ਐਸ.ਪੀ. ਰਮਿੰਦਰ ਸਿੰਘ ਕਾਹਲੋਂ, ਇੰਸਪੈਕਟਰ ਜੀ.ਐਸ.ਸਿਕੰਦ ਵੀ ਹਾਜ਼ਰ ਸਨ।

ਕੈਪਸ਼ਨ:-ਐਸ.ਪੀ. (ਜਾਂਚ) ਹਰਪਾਲ ਸਿੰਘ ਦੀ ਅਗਵਾਈ ਵਿੱਚ ਪੁਲੀਸ ਪਾਰਟੀ ਸਰਹਿੰਦ ਮੰਡੀ ਵਿਖੇ ਚੈਕਿੰਗ ਕਰਦੀ ਹੋਈ।

-ਐਸ.ਪੀ. (ਜਾਂਚ) ਹਰਪਾਲ ਸਿੰਘ ਦੀ ਅਗਵਾਈ ਵਿੱਚ ਪੁਲੀਸ ਪਾਰਟੀ ਵਿਸ਼ੇਸ਼ ਨਾਕੇ ਲਾ ਕੇ ਵਾਹਨਾਂ ਦੀ ਚੈਕਿੰਗ ਕਰਦੀ ਹੋਈ।

-ਐਸ.ਪੀ. ਸਪੈਸ਼ਲ ਬਰਾਂਚ ਅਮਰਜੀਤ ਸਿੰਘ ਮਟਵਾਨੀ ਦੀ ਅਗਵਾਈ ਵਿੱਚ ਪੁਲੀਸ ਪਾਰਟੀ ਰੇਲਵੇ ਸਟੇਸ਼ਨ ਵਿਖੇ ਚੈਕਿੰਗ ਕਰਦੀ ਹੋਈ।

-ਐਸ.ਪੀ. ਕੰਵਲਪ੍ਰੀਤ ਸਿੰਘ ਚਾਹਲ ਦੀ ਅਗਵਾਈ ਵਿੱਚ ਪੁਲੀਸ ਪਾਰਟੀ ਨਾਕੇ ’ਤੇ ਚੈਕਿੰਗ ਕਰਦੀ ਹੋਈ।

-ਐਸ.ਪੀ. (ਐਚ) ਨਵਰੀਤ ਸਿੰਘ ਵਿਰਕ ਨਾਕੇ ਉਤੇ ਪੁਲੀਸ ਮੁਲਜ਼ਮਾਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਿਸ਼ਨ ਫ਼ਤਿਹ: ਕੋਰੋਨਾ ਤੋਂ ਬਚਾਅ ਲਈ ਸਾਵਧਾਨੀਆਂ ਵਰਤਣੀਆਂ ਲਾਜ਼ਮੀ

ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 4159 ਸੈਂਪਲ ਨੈਗੇਟਿਵ

ਕੁੱਲ 4650 ਸੈਂਪਲ ਲਏ; 426 ਦੀ ਰਿਪੋਰਟ ਪੈਂਡਿੰਗ

ਪਾਜ਼ੇਟਿਵ ਪਾਏ ਗਏ 69 ਵਿਅਕਤੀਆਂ ਵਿੱਚੋਂ 57 ਇਲਾਜ ਉਪਰੰਤ ਘਰਾਂ ਨੂੰ ਪਰਤੇ

ਸਿਵਲ ਸਰਜਨ ਵੱਲੋਂ ਕੋਰੋਨਾ ਤੋਂ ਬਚਾਅ ਲਈ ਲੋਕਾਂ ਨੂੰ ਸਰਕਾਰ ਦੀਆਂ ਹਦਾਇਤਾਂ ਦੀ ਇਨ ਬਿਨ ਪਾਲਣਾ ਦੀ ਅਪੀਲ

ਫ਼ਤਹਿਗੜ੍ਹ ਸਾਹਿਬ, 05 ਜੂਨ

'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਤਹਿਤ ਪੰਜਾਬ ਸਰਕਾਰ ਵੱਲੋਂ ਕੋਰੋਨਾ 'ਤੇ ਫ਼ਤਿਹ ਪਾਉਣ ਲਈ ਦਿਨ ਰਾਤ ਇਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ ਤੇ ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 4159 ਸੈਂਪਲ ਨੈਗੇਟਿਵ ਆਏ ਹਨ ਤੇ ਹੁਣ ਤੱਕ ਕੁੱਲ 4650 ਸੈਂਪਲ ਲਏ ਜਾ ਚੁੱਕੇ ਹਨ ਤੇ 426 ਦੀ ਰਿਪੋਰਟ ਪੈਂਡਿੰਗ ਹੈ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 69 ਵਿਅਕਤੀ ਕੋਰੋਨਾ ਪਾਜ਼ੇਟਿਵ ਪਾਏ ਗਏ ਹਨ, ਜਿਨ੍ਹਾਂ ਵਿੱਚੋਂ 57 ਵਿਅਕਤੀ ਇਲਾਜ ਉਪਰੰਤ ਘਰਾਂ ਨੂੰ ਪਰਤ ਚੁੱਕੇ ਹਨ।

ਸਿਵਲ ਸਰਜਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੋਰੋਨਾ ਤੋਂ ਬਚਾਅ ਸਬੰਧੀ ਦਿਨ ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੋਰੋਨਾ ਤੋਂ ਬਚਾਅ ਸਬੰਧੀ ਮਾਸਕ ਪਾਉਣ, ਸਮਾਜਕ ਵਿੱਥ ਰੱਖਣ ਅਤੇ ਵਾਰ ਵਾਰ ਹੱਥ ਧੋਣ ਜਾਂ ਸੈਨੇਟਾਈਜ਼ ਕਰਨ ਸਬੰਧੀ ਢਿੱਲ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਬਿਨਾਂ ਮਾਸਕ ਲਾਏ ਜਾਂ ਮੂੰਹ ਢਕੇ ਬਿਨਾਂ ਘਰੋਂ ਬਾਹਰ ਨਿਕਲਣ ਜਾਂ ਸਮਾਜਕ ਵਿੱਥ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾ ਰਹੀ ਹੈ।

ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਣਾਉਂਦਿਆਂ ਕੋਰੋਨਾ ਖਿਲਾਫ ਜੰਗ ਫ਼ਤਿਹ ਕਰਨ ਵਿੱਚ ਪੰਜਾਬ ਸਰਕਾਰ ਨੂੰ ਸਹਿਯੋਗ ਦੇਣ।

ਕੈਪਸ਼ਨ:-ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਜ਼ਿਲ੍ਹੇ ਵਿੱਚ ਕੋਰੋਨਾ ਸਬੰਧੀ ਲਏ ਸੈਂਪਲਾਂ ਬਾਰੇ ਜਾਣਕਾਰੀ ਦਿੰਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਿਸ਼ਨ ਫ਼ਤਿਹ: ਹੋਰਨਾਂ ਸੂਬਿਆਂ ਤੋਂ ਆਉਣ ਵਾਲੇ ਲੋਕਾਂ ਦੀ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੀ ਜਾਵੇ

ਕੋਵਿਡ ਕੰਟਰੋਲ ਰੂਮ ਦੇ ਨੰਬਰ 'ਤੇ ਦਿੱਤੀ ਜਾ ਸਕਦੀ ਹੈ ਜਾਣਕਾਰੀ

ਕੋਰੋਨਾ ਤੋਂ ਬਚਾਅ ਲਈ ਸੁਚੇਤ ਰਹਿਣਾ ਤੇ ਸਾਵਧਾਨੀਆਂ ਵਰਤਣੀਆਂ ਲਾਜ਼ਮੀ

ਫ਼ਤਹਿਗੜ੍ਹ ਸਾਹਿਬ, 05 ਜੂਨ

ਪੰਜਾਬ ਸਰਕਾਰ ਵੱਲੋਂ ਕੋਰੋਨਾ ਨੂੰ ਹਰਾਉਣ ਲਈ ਸ਼ੁਰੂ ਕੀਤੇ 'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਤਹਿਤ ਜਿੱਥੇ ਪੰਜਾਬ ਸਰਕਾਰ ਵੱਲੋਂ ਦਿਨ ਰਾਤ ਇਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ, ਉਥੇ ਇਸ ਮਿਸ਼ਨ ਦੀ ਕਾਮਯਾਬੀ ਲਈ ਲੋਕਾਂ ਵੱਲੋਂ ਵਧੇਰੇ ਸੁਚੇਤ ਰਹਿੰਦਿਆਂ ਕੋਰੋਨਾ ਤੋਂ ਬਚਾਅ ਲਈ ਸਾਵਧਾਨੀਆਂ ਵਰਤਣੀਆਂ ਲਾਜ਼ਮੀ ਹਨ। ਇਸੇ ਤਹਿਤ ਇਹ ਗੱਲ ਯਕੀਨੀ ਬਣਾਈ ਜਾਵੇ ਕਿ ਜਦੋਂ ਵੀ ਕੋਈ ਵਿਅਕਤੀ ਕਿਸੇ ਬਾਹਰਲੇ ਸੂਬੇ ਵਿੱਚੋਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਆਵੇ ਤਾਂ ਉਸ ਸਬੰਧੀ ਜਾਣਕਾਰੀ ਫੌਰੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਾਂਝੀ ਕੀਤੀ ਜਾਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਇਸ ਸਬੰਧੀ ਜਾਣਕਾਰੀ ਕੋਵਿਡ ਕੰਟਰੋਲ ਰੂਮ ਦੇ ਨੰਬਰ 01763-232136, ਐਸ.ਐਮ.ਓ. ਡਾ. ਕੁਲਦੀਪ ਸਿੰਘ ਦੇ ਮੋ. ਨੰਬਰ: 98158-02655 ਅਤੇ ਜ਼ਿਲ੍ਹਾ ਸੂਚਨਾ ਅਫ਼ਸਰ ਐਸ.ਕੇ. ਬਾਂਗਾ ਦੇ ਮੋ. ਨੰਬਰ: 73472-02635 'ਤੇ ਦਿੱਤੀ ਜਾ ਸਕਦੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੋਰਨਾਂ ਸੂਬਿਆਂ ਤੋਂ ਆਉਣ ਵਾਲੇ ਵਿਅਕਤੀਆਂ ਲਈ ਇਕਾਂਤਵਾਸ ਸਮੇਤ ਕੋਰੋਨਾ ਤੋਂ ਬਚਾਅ ਲਈ ਤੈਅ ਪ੍ਰਕਿਰਿਆ ਪੂਰੀ ਕਰਨੀ ਲਾਜ਼ਮੀ ਹੈ ਤਾਂ ਜੋ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ ਤੇ ਕੋਰੋਨਾ ਦੇ ਹੋਰ ਨਵੇਂ ਕੇਸ ਨਾ ਆਉਣ।

ਸ੍ਰੀਮਤੀ ਗਿੱਲ ਨੇ ਕਿਹਾ ਕਿ ਇਸ ਸਬੰਧੀ ਲੋਕਾਂ ਦਾ ਸਹਿਯੋਗ ਅਹਿਮ ਹੈ ਅਤੇ ਲੋਕ ਬਾਹਰੋਂ ਆਉਣ ਵਾਲੇ ਵਿਅਕਤੀਆਂ ਬਾਰੇ ਸੂਚਨਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੇ ਕੇ ਕੋਰੋਨਾ ਖਿਲਾਫ ਜੰਗ ਵਿੱਚ ਯੋਗਦਾਨ ਪਾਉਂਦਿਆਂ ਮਿਸ਼ਨ ਫ਼ਤਿਹ ਵਿੱਚ ਵੀ ਅਹਿਮ ਯੋਗਦਾਨ ਪਾ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਨਾਲ ਹੀ ਲੋਕਾਂ ਨੂੰ ਅਪੀਲ ਕੀਤੀ ਕਿ ਘਰੋਂ ਬਾਹਰ ਜਾਣ ਵੇਲੇ ਮਾਸਕ ਪਾਉਣ, ਸਮਾਜਕ ਵਿੱਥ ਕਾਇਮ ਰੱਖਣ ਅਤੇ ਵਾਰ ਵਾਰ ਹੱਥ ਧੋਣ ਸਬੰਧੀ ਕਿਸੇ ਕਿਸਮ ਦੀ ਢਿੱਲ ਨਾ ਵਰਤੀ ਜਾਵੇ ਅਤੇ ਸਰਕਾਰ ਵੱਲੋਂ ਜਾਰੀ ਸਾਰੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।